**ਪ੍ਰੈਸ ਨੋਟ-1**

**1/25595/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਤਾਲਾਬੰਦੀ ਦੌਰਾਨ ਲਾਗੂ ਹੋਣ ਵਾਲੀਆਂ ਹਦਾਇਤਾਂ ਕੀਤੀਆਂ ਜਾਰੀ

*ਸ਼ਾਮ 7 ਤੋਂ ਸਵੇਰੇ 7 ਵਜੇ ਤੱਕ ਲਾਗੂ ਰਹੇਗਾ ਕਰਫਿਊ

*ਦਿਨ ਦੇ ਸਮੇਂ ਲਈ ਕਈ ਛੋਟਾਂ ਦਾ ਐਲਾਣ

*ਨਿਯਮਾਂ ਦਾ ਉਲੰਘਣ ਕਰਨ ਤੇ ਹੋਵੇਗੀ ਕਾਰਵਾਈ-ਅਰਵਿੰਦ ਪਾਲ ਸਿੰਘ ਸੰਧੂ

ਫਾਜ਼ਿਲਕਾ, 18 ਮਈ:

ਜ਼ਿਲ੍ਹਾ ਮੈਜਿਸਟ੍ਰੇਟ ਸ .ਅਰਵਿੰਦ ਪਾਲ ਸਿੰਘ ਸੰਧੂ ਨੇ ਫੋਜ਼ਧਾਰੀ ਜਾਬਤਾ ਸੰਘਤਾ ਦੀ ਧਾਰਾ 144 ਦੇ ਅਧਿਕਾਰਾਂ ਤਹਿਤ ਹੁਕਮ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਗ੍ਰਿਹ ਮਾਮਲਿਆ ਵਿਭਾਗ ਦੇ ਪੱਤਰ ਅਨੁਸਾਰ ਜ਼ਿਲ੍ਹੇ ਅੰਦਰ ਡਿਜਾਸਟਰ ਮੈਨੇਜਮੈਂਟ ਐਕਟ 2005 ਤਹਿਤ 18 ਮਈ 2020 ਤੋਂ 31 ਮਈ 2020 ਤੱਕ 2 ਹਫ਼ਤਿਆਂ ਲਈ ਲਾਕਡਾਊਨ ਜਾਰੀ ਰਹੇਗਾ। ਹੁਕਮ ’ਚ ਦੱਸਿਆ ਗਿਆ ਹੈ ਕਿ ਕੋਵਿਡ 19 ਨੰੂ ਪਹਿਲਾ ਹੀ ਭਾਰਤ ਸਰਕਾਰ ਨੇ ਮਹਾਂਮਾਰੀ ਘੋਸ਼ਿਤ ਕੀਤਾ ਹੋਇਆ ਹੈ, ਜਿਸਦੇ ਤਹਿਤ ਪੂਰੇ ਦੇਸ਼ ਵਿੱਚ ਤਾਲਾਬੰਦੀ ਦਾ ਐਲਾਣ ਕੀਤਾ ਗਿਆ ਹੈ।

ਸ. ਸੰਧੂ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਰਾਤ 7 ਵਜ੍ਹੇ ਤੋਂ ਸਵੇਰੇ 7 ਵਜ੍ਹੇ ਤੱਕ ਕਰਫਿਊ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਗੈਰ ਜਰੂਰੀ ਕੰਮਾਂ ਲਈ ਲੋਕਾਂ ਦੀ ਆਵਾਜਾਈ ਤੇ ਪਾਬੰਦੀ ਹੋਵੇਗੀ। ਬਿਨ੍ਹਾਂ ਲੋੜ ਤੋਂ ਬਾਹਰ ਜਾਣ ਤੋਂ ਗੁਰੇਜ਼ ਕੀਤਾ ਜਾਵੇ। ਹੁਕਮ ’ਚ ਕਿਹਾ ਕਿ ਗਰਭਵਤੀ ਔਰਤਾਂ ਅਤੇ 10 ਸਾਲ ਤੋਂ ਘੱਟ ਉਮਰ ਦੇ ਬੱਚੇ ਦੇ ਨਾਲ 65 ਸਾਲ ਤੋਂ ਵੱਧ ਉਮਰ ਦੇ ਵਿਅਕਤੀ ਘਰ ਵਿੱਚ ਹੀ ਰਹਿਣਗੇ। ਉਨ੍ਹਾਂ ਕਿਹਾ ਕਿ ਸਾਪਿੰਗ ਮਾਲ, ਸਕੂਲ, ਕਾਲਜ, ਵਿੱਦਿਅਕ ਅਦਾਰੇ, ਕੋਚਿੰਗ ਸੈਂਟਰ, ਹੋਟਲ ਰੈਸਟੋਰੈਂਟ, ਸਿਨੇਮਾ ਹਾਲ, ਜਿੰਮ, ਸਵਿੰਗ ਪੂਲ, ਪਾਰਕ, ਬਾਰ, ਆਡੀਟੋਰੀਅਮ, ਅਸੈਂਬਲੀ ਹਾਲ ਅਤੇ ਇਸ ਤਰ੍ਹਾਂ ਦੇ ਹੋਰ ਅਦਾਰੇ ਤਾਲਾਬੰਦੀ ਦੌਰਾਨ ਬੰਦ ਰਹਿਣਗੇ। ਇਸ ਤੋਂ ਇਲਾਵਾ ਸਮਾਜਿਕ, ਰਾਜਸੀ, ਖੇਡਾਂ ਅਤੇ ਮੰਨੋਰੰਜ਼ਨ, ਵਿੱਦਿਅਕ, ਸਭਿਆਚਾਰਕ, ਧਾਰਮਿਕ ਪ੍ਰੋਗਰਾਮ ਅਤੇ ਹੋਰ ਇਕੱਠ ਵਾਲੇ ਪ੍ਰੋਗਰਾਮਾਂ ਅਤੇ ਸਾਰੇ ਤਰ੍ਹਾਂ ਦੇ ਧਾਰਮਿਕ ਅਤੇ ਪੂਜਾ ਦੇ ਸਥਾਨ ’ਤੇ ਪੂਰਨ ਤੌਰ ਤੇ ਪਾਬੰਦੀ ਹੋਵੇਗੀ ਪਰ ਰਾਜ ਸਰਕਾਰ ਦੇ ਪ੍ਰੇਹਣਚਾਰੀ ਅਤੇ ਏਕਾਂਤਵਾਸ ਕੇਂਦਰ ਖੁੱਲੇ ਰਹਿਣਗੇ।

ਹੁਕਮ ’ਚ ਕਿਹਾ ਗਿਆ ਹੈ ਕਿ ਕੋਵਿਡ 19 ਤਹਿਤ ਹਰੇਕ ਗਤਿਵਿਧੀ ਲਈ ਸਾਮਾਜਿਕ ਦੂਰੀ ਬਣਾਉਂਦਿਆਂ ਘੱਟੋ ਘੱਟ 2 ਮੀਟਰ ਦੀ ਦੂਰੀ ਦੇ ਨਾਲ ਦਫ਼ਤਰਾਂ ਅਤੇ ਜਨਤਕ ਥਾਵਾਂ ’ਤੇ ਮਾਸਕ ਪਾਉਣਾ ਲਾਜ਼ਮੀ ਹੋਵੇਗਾ। ਉਨ੍ਹਾਂ ਕਿਹਾ ਕਿ ਸ਼ੋਸਲ ਡਿਸਟੈਂਸ ਦੀ ਪਾਲਣਾ ਅੰਦਰ ਕਿਸੇ ਕਿਸਮੀ ਦੀ ਅਣਗਹਿਲੀ ਬਰਦਾਸ਼ਤ ਨਹੀ ਕੀਤੀ ਜਾਵੇਗੀ।

ਹੁਕਮ ’ਚ ਅੱਗੇ ਕਿਹਾ ਕਿ ਸ਼ਹਿਰੀ ਅਤੇ ਪੇਂਡੂ ਖੇਤਰ ਦੇ ਮੁੱਖ ਬਾਜ਼ਾਰਾਂ ਦੀਆਂ ਦੁਕਾਨਾਂ ਸਵੇਰੇ 7 ਤੋਂ ਸ਼ਾਮ 6 ਵਜ੍ਹੇ ਖੁੱਲਣਗੀਆਂ। ਸੈਲੂਨ ਅਤੇ ਨਾਈ ਦੀਆਂ ਦੁਕਾਨਾਂ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਤੇ ਮੁਤਾਬਕ ਖੁੱਲ ਸਕਦੀਆ ਹਨ। ਸਪੋਰਟਸ ਕੰਪਲੈਕਸ਼, ਸਟੇਡੀਅਮ ਬਿਨ੍ਹਾਂ ਦਰਸ਼ਕਾਂ ਦੇ ਸਿਹਤ ਵਿਭਾਗ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਆਪਣੀਆਂ ਗਤਿਵਿਧੀਆ ਕਰ ਸਕਣਗੇ। ਸ਼ਹਿਰੀ ਅਤੇ ਪੇਂਡੂ ਖੇਤਰ ’ਚ ਹਰ ਤਰ੍ਹਾਂ ਦੀਆਂ ਇੰਡਸ਼ਟਰੀਆਂ ਖੋਲਣ ਅਤੇ ਹਰ ਤਰ੍ਹਾਂ ਦੀ ਉਸਾਰੀ ਦੀ ਵੀ ਇਜਾਜਤ ਹੋਵੇਗੀ। ਖੇਤਬਾੜੀ, ਬਾਗਬਾਨੀ, ਪਸ਼ੂ ਪਾਲਣ ਵੈਟਨਰੀ ਸੇਵਾਵਾਂ, ਬਿਨ੍ਹਾਂ ਕਿਸੇ ਰੋਕ ਦੇ ਚਾਲੂ ਰਹਿਣਗੀਆਂ। ਸਰਕਾਰੀ ਅਤੇ ਪ੍ਰਾਈਵੇਟ ਦਫ਼ਤਰ ਘੱਟੋ ਘੱਟ ਸਟਾਫ ਨਾਲ ਖੁੱਲੇ ਰਹਿਣਗੇ ਅਤੇ ਬਾਕੀ ਸਟਾਫ਼ ਦਫਤਰੀ ਕੰਮ ਨੰੂ ਘਰ ਤੋਂ ਕਰ ਸਕਦਾ ਹੈ ਤਾਂ ਜੋ ਬਹੁਤ ਜ਼ਿਆਦਾ ਇਕੱਠ ਨਾ ਹੋਵੇ।

ਉਨ੍ਹਾਂ ਕਿਹਾ ਕਿ ਪੰਜਾਬ ਰਾਜ ਦੇ ਅੰਦਰ ਬੱਸਾਂ ਅਤੇ ਹੋਰ ਵਹੀਕਲਾਂ ਦੀ ਆਵਾਜਾਈ ਪੰਜਾਬ ਸਰਕਾਰ ਦੇ ਨਿਯਮਾਂ ਮੁਤਾਬਿਕ ਐਸ.ਓ.ਪੀ. ਅਤੇ ਐਮ.ਐਚ.ਏ ਦੀਆਂ ਹਦਾਇਤਾਂ ਮੁਤਾਬਿਕ ਚਲਣਗੀਆਂ। ਉਨ੍ਹਾਂ ਦੱਸਿਆ ਕਿ ਟੈਕਸੀ, ਕੈਬ, ਸਾਇਕਲ, ਰਿਕਸ਼ਾ, ਆਟੋ ਰਿਕਸ਼ਾ, ਦੋ ਪਹੀਆ ਅਤੇ ਚਾਰ ਪਹੀਆ ਵਾਹਨ ਪੰਜਾਬ ਸਰਕਾਰ ਆਦੇਸ਼ਾਂ ਅਤੇ ਐਸ.ਓ.ਪੀ. ਮੁਤਾਬਿਕ ਚਲਣਗੇ।

ਉਨ੍ਹਾਂ ਦੱਸਿਆ ਕਿ ਸਵੇਰੇ 7 ਵਜ੍ਹੇ ਤੋਂ ਸ਼ਾਮ 7 ਵਜ੍ਹੇ ਤੱਕ ਹੁਕਮਾਂ ਮੁਤਾਬਿਕ ਕਿਸੇ ਵੀ ਤਰ੍ਹਾਂ ਦੀ ਗਤਿਵਿਧੀ ਲਈ ਪਾਸ ਜਾਂ ਪਰਮਿਟ ਦੀ ਲੋੜ ਨਹੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ’ਚ ਐਸ.ਓ.ਪੀ. ਅਤੇ ਐਮ.ਐਚ.ਏ ਦੀਆਂ ਹਦਾਇਤਾ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲਾਕਡਾਊਨ ਦੌਰਾਨ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਖਿਲਾਫ਼ ਧਾਰਾ 51ਤੋਂ 60 ਡਿਜ਼ਾਸਟਰ ਮੈਨੇਜਮੈਂਟ ਐਕਟ 2005 ਤੋਂ ਇਲਾਵਾ ਧਾਰਾ 188 ਆਈ.ਪੀ.ਸੀ.  ਤਹਿਤ ਕਾਰਵਾਈ ਅਮਲ ’ਚ ਲਿਆਂਦੀ ਜਾਵੇਗੀ।

**ਪ੍ਰੈਸ ਨੋਟ-2**

**1/25613/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਾਜ਼ਿਲਕਾ

ਕੋਵਿਡ 19 ਦੇ ਮੱਦੇਨਜ਼ਰ ਸਾਂਝੀ ਰਸੋਈ ਤੋਂ 400 ਲੋੜਵੰਦਾਂ ਨੂੰ ਮੁਹੱਈਆ

ਕਰਵਾਇਆ ਪੈਕ ਖਾਣਾ

*ਖਾਣਾ ਤਿਆਰ ਕਰਨ ਅਤੇ ਮੁਹੱਈਆ ਕਰਾਉਣ ਮੌਕੇ ਸਟਾਫ਼ ਵੱਲੋਂ ਸਾਮਾਜਿਕ

ਦੂਰੀ ਦਾ ਰੱਖਿਆ ਜਾ ਰਿਹੈ ਵਿਸ਼ੇਸ਼ ਧਿਆਨ

ਫਾਜ਼ਿਲਕਾ, 18 ਮਈ

ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਦਿਸ਼ਾ ਨਿਰਦੇਸ਼ਾਂ ਤਹਿਤ ਕੋਵਿਡ-19 ਦੀ ਮਹਾਂਮਾਰੀ ਨੂੰ ਦੇਖਦਿਆਂ ਸਾਂਝੀ ਰਸੋਈ ’ਚ ਲੋੜਵੰਦ ਲੋਕਾਂ ਨੂੰ ਮਹਿਜ਼ 10 ਰੁਪਏ ’ਚ ਪੈਕ ਕਰਕੇ ਖਾਣਾ ਮੁਹੱਈਆ ਕਰਵਾਉਣ ਦਾ ਵਿਸ਼ੇਸ ਉਪਰਾਲਾ ਕੀਤਾ ਗਿਆ ਹੈ। ਇਹ ਜਾਣਕਾਰੀ ਜ਼ਿਲ੍ਹਾ ਰੈਡ ਕਰਾਸ ਸੋਸਾਇਟੀ ਦੇ ਸਕੱਤਰ ਸ੍ਰੀ ਸੁਭਾਸ਼ ਅਰੋੜਾ ਨੇ ਦਿੱਤੀ।

ਸ੍ਰੀ ਅਰੋੜਾ ਨੇ ਦੱਸਿਆ ਕਿ ਜ਼ਿਲ੍ਹੇ ਪੱਧਰ ’ਤੇ ਚਲ ਰਹੀਆਂ ਸਾਡੀ ਰਸੋਈਆਂ ਅੰਦਰ ਖਾਣਾ ਬਣਾਉਣ ਵਾਲੇ ਸਟਾਫ਼ ਵਾਲੇ ਬਕਾਇਦਾ ਸਵੱਛਤਾ ਅਤੇ ਸਾਮਾਜਿਕ ਦੂਰੀ ਦਾ ਵਿਸ਼ੇਸ ਧਿਆਨ ਰੱਖਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਾਡੀ ਰਸੋਈ ਵਿਖੇ ਪੂਰੀਆਂ ਸਾਵਧਾਨੀਆਂ ਵਰਤਦੇ ਹੋਏ ਖਾਣਾ ਪੈਕਿੰਗ ਸਿਸਟਮ ਰਾਹੀਂ ਲੋੜਵੰਦਾਂ ਨੂੰ ਮੁਹੱਈਆ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਅੱਜ ਪਹਿਲੇ ਦਿਨ ਸਾਡੀ ਰਸੋਈ ਫਾਜਿਲਕਾ ਵਿਖੇ 300 ਲੋੜਵੰਦ ਅਤੇ ਸਾਡੀ ਰਸੋਈ ਜਲਾਲਾਬਾਦ ਵਿਖੇ 100 ਲੋੜਵੰਦਾਂ ਨੂੰ ਖਾਣਾ ਪੈਕ ਕਰਕੇ ਮੁਹੱਈਆ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਲੋੜਵੰਦਾਂ ਨੂੰ 10 ਰੁਪਏ ਵਿੱਚ ਖਾਣਾ ਪੈਕਿੰਗ ਸਿਸਟਮ ਦੀ ਸਰਵਿਸ ਮੁਹੱਈਆ ਕਰਵਾਈ ਗਈ। ਉਨ੍ਹਾਂ ਕਿਹਾ ਕਿ ਸਾਡੀ ਰਸੋਈ ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਖਾਣਾ ਮੁਹੱਈਆ ਕਰਵਾਇਆ ਜਾਵੇਗਾ।

ਉਨ੍ਹਾਂ ਦੱਸਿਆ ਕਿ ਸਾਡੀਆਂ ਰਸੋਈਆਂ ਵਿਖੇ ਸਟਾਫ ਵੱਲੋਂ ਮੂੰਹ ’ਤੇ ਮਾਸਕ ਲਗਾਉਣ ਦੇ ਨਾਲ-ਨਾਲ ਹੋਰ ਸਾਵਧਾਨੀਆਂ ਵਰਤੀਆਂ ਜਾ ਰਹੀਆਂ ਹਨ ਅਤੇ ਖਾਣਾ ਲੈਣ ਵਾਲੇ ਜੇਕਰ ਕਿਸੇ ਵਿਅਕਤੀ ਨੇ ਮਾਸਕ ਨਹੀ ਲਗਾਇਆ ਤਾਂ ਉਨ੍ਹਾਂ ਨੂੰ ਮਾਸਕ

ਲਾਉਣ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਰਾਜ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਵੀ ਯਕੀਨੀ ਬਣਾਈ ਜਾ ਰਹੀ ਹੈ।

**ਪ੍ਰੈਸ ਨੋਟ-3**

**1/25617/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

ਗਲਘੋਟੂ ਦੇ ਬਚਾਅ ਲਈ ਜ਼ਿਲ੍ਹੇ ਦੇ ਕਰੀਬ 3.50 ਲੱਖ ਪਸ਼ੂਆਂ ਦਾ ਮੁਫਤ ਟੀਕਾਕਰਨ ਕੀਤਾ ਜਾਵੇਗਾ-ਡਿਪਟੀ ਕਮਿਸ਼ਨਰ

*ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਪੱਧਰੀ ਟੀਕਾਕਰਨ ਮੁਹਿੰਮ ਲਈ ਟੀਮਾਂ ਨੂੰ ਕੀਤਾ ਰਵਾਨਾ

*ਪੰਜਾਬ ਦੇ ਪਸ਼ੂ ਪਾਲਕਾਂ ਨੂੰ ਗਲਘੋਟੂ ਟੀਕਾਕਰਣ ਨਾਲ 3 ਕਰੋੜ ਦੇ ਕਰੀਬ ਮਿਲੇਗੀ ਰਾਹਤ

ਫਾਜ਼ਿਲਕਾ, 18 ਮਈ

ਪੰਜਾਬ ਸਰਕਾਰ ਵਲੋਂ ਪੰਜਾਬ ਦੇ 11 ਲੱਖ ਪਸ਼ੂ ਪਾਲਕਾਂ ਨੂੰ ਵੱਡੀ ਰਾਹਤ ਦੇਣ ਲਈ ਅਹਿਮ ਕਦਮ ਚੁੱਕਦਿਆਂ ਪਸ਼ੂਆਂ ਨੂੰ ਗਲਘੋਟੂ, ਸਵਾਇਨ ਬੁਖਾਰ ਅਤੇ ਪੱਟਸੋਜ਼ ਵਰਗੀਆਂ ਗੰਭੀਰ ਬਿਮਾਰੀਆਂ ਤੋਂ ਬਚਾਉਣ ਲਈ ਮੁਫਤ ਟੀਕਾਕਰਨ ਦਾ ਫੈਸਲਾ ਕੀਤਾ ਗਿਆ ਹੈ, ਜਿਸ ਨਾਲ ਗਲਘੋਟੂ ਦੇ ਟੀਕਾਕਰਨ ਵਿਚ ਪਸ਼ੂ ਪਾਲਕਾਂ ਨੂੰ 3 ਕਰੋੜ ਦੇ ਕਰੀਬ ਰਾਹਤ ਮਿਲੀ ਹੈ। ਇਸ ਜ਼ਿਲ੍ਹਾ ਪੱਧਰੀ ਮੁਹਿੰਮ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਟੀਕਾਕਰਨ ਟੀਮਾਂ ਨੂੰ ਰਵਾਨਾ ਕਰਦਿਆਂ ਕੀਤਾ।

ਸ੍. ਸੰਧੂ ਨੇ ਦੱਸਿਆ ਕਿ ਕੈਬਨਿਟ ਮੰਤਰੀ ਸ. ਤ੍ਰਿਪਤ ਰਜਿੰਦਰ ਸਿੰਘ ਬਾਜਵਾ ਪਸ਼ੂ ਪਾਲਣ ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ ਦੇ ਇਸ ਫੈਸਲੇ ਨਾਲ ਜ਼ਿਲ੍ਹੇ ਦੇ ਕਰੀਬ 3.50 ਲੱਖ ਤੋਂ ਵਧੇਰੇ ਪਸ਼ੂਆਂ ਦਾ ਟੀਕਾਕਰਣ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਟੀਕਾਕਰਨ ਮੁਫਤ ਹੋਣ ਨਾਲ ਪਸ਼ੂ ਪਾਲਕਾਂ ਨੂੰ ਪੈ ਰਹੇ ਘਾਟੇ ਦੀ ਆਰਥਿਕ ਭਰਪਾਈ ਹੋਵੇਗੀ। ਉਥੇ ਨਾਲ ਹੀ ਕਰੰਸੀ ਦੇ ਲੈਣ-ਦੇਣ ਦਾ ਕੰਮ ਖਤਮ ਹੋਣ ਨਾਲ ਕਰੋਨਾ ਦੇ ਫੈਲਣ ਦਾ ਖਤਰਾ ਵੀ ਨਹੀਂ ਹੋਵੇਗਾ। ਉਨ੍ਹਾਂ ਨੇ ਪਸ਼ੂ ਪਾਲਨ ਵਿਭਾਗ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਨੂੰ ਕੋਵਿਡ-19 ਸਬੰਧੀ ਦਿਸ਼ਾ-ਨਿਰਦੇਸ਼ਾਂ ਦਾ ਪਾਲਣ ਕਰਦੇ ਹੋਏ ਪੂਰੀ ਤਨਦੇਹੀ ਨਾਲ ਟੀਕਾਕਰਨ ਦੇ ਕੰਮ ਨੂੰ ਨਿਬੇੜਨ ਦੇ ਨਿਰਦੇਸ਼ ਦਿੱਤੇ।

ਡਿਪਟੀ ਡਾਇਰੈਕਟਰ ਪਸ਼ੂ ਪਾਲਨ ਵਿਭਾਗ ਫਾਜ਼ਿਲਕਾ ਡਾ. ਰਾਕੇਸ਼ ਗਰੋਵਰ ਨੇ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਵਲੋਂ ਪਹਿਲਾਂ ਹੀ ਪਸ਼ੂਆਂ ਦੀ ਮੂੰਹਖੋਰ, ਬਰੂਸ਼ੀਲੋਸਿਸ, ਬੱਕਰੀਆਂ ਦੀ ਪੀ.ਪੀ.ਆਰ. ਅਤੇ ਮੁਰਗੀਆਂ ਦੀ ਰਾਣੀ ਖੇਤ ਦਾ ਟੀਕਾਕਰਨ ਮੁਫਤ ਕੀਤਾ ਜਾ ਰਿਹਾ ਹੈ। ਪੰਜਾਬ ਸਰਕਾਰ ਦੇ ਇਸ ਫੈਸਲੇ ਨਾਲ ਸਾਰੇ ਪਸ਼ੂਆਂ ਨੂੰ ਵੱਖ-ਵੱਖ ਬਿਮਾਰੀਆਂ ਤੋਂ ਬਚਾਉਣ ਵਿਚ ਸਫਲਤਾ ਮਿਲੇਗੀ।

ਇਸ ਮੌਕੇ ਸੀਨੀਅਰ ਵੈਟਨਰੀ ਅਫਸਰ ਅਬੋਹਰ ਡਾ. ਨਰਿੰਦਰ ਪਾਲ ਸਿੰਘ ਗਿੱਲ, ਵੈਟਨਰੀ ਅਫਸਰ ਪੋਲੀਕਲੀਨਿਕ ਅਰਨੀਵਾਲਾ ਡਾ. ਅਨਿਲ ਪਾਠਕ, ਡਾ. ਨਿਪੁਨ ਖੁੰਗਰ ਸਿਵਲ ਵੈਨਟਰੀ ਹਸਪਤਾਲ ਫ਼ਾਜ਼ਿਲਕਾ, ਵੈਨਟਰੀ ਇੰਸਪੈਕਟਰ ਸੁਰਿੰਦਰ ਕੁਮਾਰ ਮੌਜੂਦ ਸੀ।

**ਪ੍ਰੈਸ ਨੋਟ-4**

**1/25697/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਾਜ਼ਿਲਕਾ

ਡਿਪਟੀ ਕਮਿਸ਼ਨਰ ਨੇ ਫਸਲਾਂ ਦੇ ਖਰਾਬੇ ਨੂੰ ਟਿੱਡੀ ਦਲ ਦੇ ਹਮਲੇ ਤੋਂ ਬਚਾਉਣ ਲਈ

ਅਧਿਕਾਰੀਆਂ ਨੂੰ ਸੁਚੇਤ ਰਹਿਣ ਦੇ ਆਦੇਸ਼ ਦਿੱਤੇ

*ਟਿੱਡੀ ਦਲ ਦੀ ਸੂਚਨਾ ਲਈ ਜ਼ਿਲ੍ਹਾ ਅਤੇ ਬਲਾਕ ਪੱਧਰ ’ਤੇ ਕੰਟਰੋਲ ਰੂਮ ਸਥਾਪਿਤ

ਫਾਜ਼ਿਲਕਾ 18 ਮਈ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਫਸਲਾਂ ’ਤੇ ਟਿੱਡੀ ਦਲ ਦੇ ਹਮਲੇ ਨੂੰ ਲੈ ਕੇ ਅਗਾਊ ਤਿਆਰੀਆਂ ਤੇ ਪ੍ਰਬੰਧ ਕਰਨ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਚਾਰ-ਪੰਜ ਮਹੀਨਿਆਂ ਦੌਰਾਨ ਟਿੱਡੀ ਦਲ ਦਾ ਹਮਲਾ ਹੋਣ ਦਾ ਖਦਸ਼ਾ ਹੈ ਇਸ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀ ਹੁਣੇ ਤੋਂ ਹੀ ਅਗੇਤੇ ਪ੍ਰਬੰਧ ਕਰਨੇ ਯਕੀਨੀ ਬਣਾਉਣ। ਇਸ ਸਬੰਧੀ ਉਨ੍ਹਾਂ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ।

ਸ. ਸੰਧੂ ਨੇ ਕਿਹਾ ਕਿ ਸਰਹੱਦੀ ਖੇਤਰ ਰਾਜਸਥਾਨ ਅਤੇ ਪਾਕਿਸਤਾਨ ਨਾਲ ਲਗਦੇ ਜ਼ਿਲ੍ਹਾ ਫ਼ਾਜਿਲਕਾ ਦੇ ਪਿੰਡਾਂ ਵਿਚ ਪਿਛਲੇ ਕੁਝ ਸਮੇਂ ਵਿਚ ਟਿੱਡੀ ਦਲ ਦੇ ਹਮਲੇ ਹੋਏ ਸਨ, ਜਿਸ ’ਤੇ ਜ਼ਿਲ੍ਹਾ ਪ੍ਰਸਾਸਨ ਦੀਆਂ ਤਾਇਨਾਤ ਟੀਮਾਂ ਵੱਲੋਂ ਟਿੱਡੀ ਦਲ ’ਤੇ ਸਮਾਂ ਰਹਿੰਦੇ ਕਾਬੂ ਪਾ ਲਿਆ ਗਿਆ ਸੀ ਅਤੇ ਭਵਿੱਖ ਅੰਦਰ ਟਿੱਡੀ ਦਲ ਫ਼ਸਲਾਂ ਨੂੰ ਕੋਈ ਨੁਕਸਾਨ ਨਾ ਪਹੰੁਚ ਸਕੇ ਇਸਦੇ ਲਈ ਸਬੰਧਤ ਅਧਿਕਾਰੀਆਂ ਨੂੰ ਸੁਚੇਤ ਰਹਿਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਹਰ ਸਮੇਂ ਸਰਹੱਦੀ ਖੇਤਰ ਵਾਲੇ ਪਿੰਡਾਂ ਦੇ ਨਜ਼ਰਸਾਨੀ ਰੱਖਣਾ ਯਕੀਨੀ ਬਣਾਈ ਜਾਵੇ ਅਤੇ ਕਿਸਾਨਾਂ ਨੂੰ ਵੀ ਜਾਗਰੂਕ ਹੋ ਕੇ ਪੂਰ ਚੌਕਸੀ ਰੱਖਣੀ ਚਾਹੀਦੀ ਹੈ।

ਮੀਟਿੰਗ ਦੌਰਾਨ ਉਨ੍ਹਾਂ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਨੂੰ ਪਿੰਡਾਂ ਤੇ ਪੰਚਾਇਤਾਂ ਵਿੱਚ ਥਾਵਾਂ ਦੀ ਪਹਿਚਾਣ ਪਹਿਲਾਂ ਹੀ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਟਿੱਡੀ ਦਲ ਨੂੰ ਕੰਟਰੋਲ ਕਰਨ ਲਈ ਸਪਰੇਅ ਅਤੇ ਸਾਫ ਪਾਣੀ ਦੀ ਲੋੜ ਪੈਂਦੀ ਹੈ। ਉਨ੍ਹਾਂ ਕਿਹਾ ਕਿ ਲੋੜ ਪੈਣ ’ਤੇ ਪੰਚਾਇਤ ਵਿਭਾਗ ਪਿੰਡਾਂ ਵਿਚ ਟਰੈਕਟਰ ਪਿੱਛੇ ਚੱਲਣ ਵਾਲੇ ਵੱਡੇ ਵਾਟਰ ਟੈਂਕਾਂ ਦਾ ਪ੍ਰਬੰਧ ਕਰਕੇ ਸਪਰੇਅ ਵਾਲੀ ਥਾਂ ਤੇ ਪਹੰੁਚਾਏਗਾ। ਉਨ੍ਹਾਂ ਬਿਜਲੀ ਵਿਭਾਗ ਦੇ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਜੇਕਰ ਸਪਰੇਅ ਵਾਲੀ ਥਾਂ ’ਤੇ ਪਾਣੀ ਦੀ ਲੋੜ ਪੈਂਦੀ ਹੈ ਤਾਂ ਉਸ ਇਲਾਕੇ ਵਿਚ ਟਿਊਬਵੈੱਲਾਂ ਨੂੰ ਬਿਜਲੀ ਦੀ ਸਪਲਾਈ ਤੁਰੰਤ ਦਿੱਤੀ ਜਾਵੇ।

ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਦੀਆਂ ਟੀਮਾਂ ਮਾਲ ਵਿਭਾਗ, ਪੁਲਿਸ ਵਿਭਾਗ, ਬੀ.ਐਸ.ਐਫ ਆਦਿ ਹੋਰ ਵਿਭਾਗ ਨਾਲ ਤਾਲਮੇਲ ਕਰਕੇ ਪ੍ਰਭਾਵਿਤ ਹੋਣ ਵਾਲੇ ਪਿੰਡਾਂ ਦਾ ਸਰਵੇ ਕਰਨਾ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਟਿੱਡੀ ਦਲ ਨੂੰ ਲੈ ਕੇ ਕਿਸੇ ਤਰ੍ਹਾਂ ਦੀ ਜਾਣਕਾਰੀ ਜਾਂ ਸੂਚਨਾ ਸਾਂਝੀ ਕਰਨ ਲਈ ਕੰਟਰੋਲ ਰੂਮ ਸਥਾਪਿਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੱਧਰ ’ਤੇ 94170-22038, ਬਲਾਕ ਅਬੋਹਰ ਵਿਖੇ 96464-49952, ਬਲਾਕ ਖੂਈਆਂ ਸਰਵਰ ਵਿਖੇ 80546-52903, ਬਲਾਕ ਫਾਜ਼ਿਲਕਾ ਵਿਖੇ 95921-12062 ਅਤੇ ਬਲਾਕ ਜਲਾਲਾਬਾਦ ਵਿਖੇ 86997-74659 ’ਤੇ ਕਾਲ ਕਰਕੇ ਸੂਚਨਾ ਸਾਂਝੀ ਕੀਤੀ ਜਾ ਸਕਦੀ ਹੈ।

ਇਸ ਮੌਕੇ ਐਸ. ਡੀ.ਐਮ. ਅਬੋਹਰ ਜਸਪਾਲ ਸਿੰਘ ਬਰਾੜ, ਮੁੱਖ ਖੇਤੀਬਾੜੀ ਅਫਸਰ ਡਾ. ਮਨਜੀਤ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਸੁਖਪਾਲ ਸਿੰਘ, ਡੀ.ਐਸ.ਪੀ. ਡੀ. ਭੁਪਿੰਦਰ ਸਿੰਘ ਭੁੱਲਰ, ਮਿਉਨਿਸੀਪਲ ਕਾਰਪੋਰੇਸ਼ਨ ਅਬੋਹਰ ਸਕੱਤਰ ਸੁਖਦੇਵ ਸਿੰਘ, ਕਾਰਜ ਸਾਧਕ ਅਫ਼ਸਰ ਫ਼ਾਜ਼ਿਲਕਾ ਰਜਨੀਸ਼ ਕੁਮਾਰ ਤੋਂ ਇਲਾਵਾ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।